# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

---

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.),
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.),
ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ),
ਪੰਜਾਬ।

ਮੀਮੋ ਨੰ: ਸਸਅ/ਐਮਸੀ/2012/ 87183-85
ਮਿਤੀ, ਚੰਡੀਗੜ੍ਹ 15 ਅਕਤੂਬਰ,2012

**ਵਿਸ਼ਾ:-** ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਅਧਿਆਪਕ-ਮਾਪੇ ਮਿਲਣੀ ਅਤੇ ਸਕੂਲ ਪ੍ਰਬੰਧਕ ਕਮੇਟੀਆਂ ਦੀ ਮੀਟਿੰਗ ਮਿਤੀ 17.10.2012 ਨੂੰ ਸਫਲ ਬਣਾਉਣ ਸਬੰਧੀ।

**ਹਵਾਲਾ:-** **ਇਸ ਦਫ਼ਤਰ ਦਾ ਪੱਤਰ ਨੰ. ਸਸਅ/ਐਮਸੀ/2012/87057-59, ਮਿਤੀ: 12-10-2012**

ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਉਕਤ ਵਿਸ਼ਾ ਅਧੀਨ ਮਿਤੀ: 17-10-2012 ਨੂੰ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਦਿਨੇ 9 ਵਜੇ ਤੋਂ 12 ਵਜੇ ਤੱਕ ਮਾਪੇ ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ। ਜਿਸ ਵਿੱਚ ਮਾਪੇ ਆਪਣੇ ਬੱਚਿਆਂ ਦੀ ਕਾਰਗੁਜ਼ਾਰੀ ਅਧਿਆਪਕਾਂ ਨਾਲ ਸਾਂਝੀ ਕਰਨਗੇ। ਇਸ ਮੀਟਿੰਗ ਵਿੱਚ ਉਚੇਚੇ ਤੌਰ ਤੇ ਸਮੂਹ ਸਰਕਾਰੀ ਸਕੂਲਾਂ ਦੀਆਂ ਸਕੂਲ ਪ੍ਰਬੰਧਕ ਕਮੇਟੀਆਂ ਨੂੰ ਸੱਦਾ ਦਿੱਤਾ ਗਿਆ ਹੈ ਤਾਂ ਜੋ ਸਕੂਲ ਦੀ ਬੇਹਤਰੀ ਲਈ ਸਕੂਲ ਮੁੱਖੀਆਂ ਨਾਲ ਵਿਚਾਰ ਵਟਾਂਦਰਾ ਕਰ ਸਕਣ।

ਇਸ ਨੂੰ ਮੱਦੇ ਨਜ਼ਰ ਰੱਖਦਿਆ ਹੋਇਆ ਦੁਬਾਰਾ ਹਦਾਇਤ ਕੀਤੀ ਜਾਂਦੀ ਹੈ ਕਿ ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), (ਐ.ਸਿ.) ਅਤੇ ਇਹਨਾਂ ਦੇ ਅਧੀਨ ਕੰਮ ਕਰਦੇ ਸਾਰੇ ਡੀ.ਐਸ.ਐਸ., ਡੀ.ਆਰ.ਪੀਜ਼., ਬੀ.ਆਰ.ਪੀਜ਼ ਅਤੇ ਸਮੂਹ ਸਕੂਲ ਮੁੱਖੀ ਉਕਤ ਮੀਟਿੰਗ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਧਿਆਨ ਦੇਣ। ਇਸ ਮੀਟਿੰਗ ਦੌਰਾਨ ਮਾਪਿਆਂ ਦੀ ਵੱਧ ਤੋਂ ਵੱਧ ਗਿਣਤੀ ਨੂੰ ਸ਼ਮੂਲੀਅਤ ਕਰਵਾਉਣ ਲਈ ਅਤੇ ਸਕੂਲ ਪ੍ਰਬੰਧਕ ਕਮੇਟੀਆਂ ਦੀ ਸਫਲ ਮੀਟਿੰਗ ਕਰਵਾਉਣ ਲਈ, ਆਪਣੇ ਪੱਧਰ ਤੇ ਸਮੂਹ ਮਾਪਿਆਂ ਨੂੰ ਲੋਕਲ ਅਖਬਾਰਾਂ ਰਾਹੀਂ, ਟੈਲੀਫੋਨਾਂ ਰਾਹੀਂ ਜਾਂ ਕਲੱਸਟਰ ਮੀਟਿੰਗ ਰਾਹੀਂ ਅਪੀਲ ਕਰਨ ਕਿ ਉਹ ਮਿਤੀ: 17-10-2012 ਨੂੰ ਆਪਣੇ ਸਕੂਲ ਵਿੱਚ ਪੜ੍ਹਦੇ ਬੱਚੇ ਨਾਲ ਸਕੂਲ ਵਿੱਚ ਜਰੂਰ ਆਉਣ ਤਾਂ ਜੋ ਇਸ ਮਾਪੇ-ਅਧਿਆਪਕ ਮਿਲਣੀ ਦਾ ਸਿੱਖਿਆ ਦੇ ਪ੍ਰਸਾਰ ਅਤੇ ਵਿਦਿਆਰਥੀਆਂ ਨੂੰ ਗੁਣਾਤਮਕ ਸਿੱਖਿਆ ਪ੍ਰਦਾਨ ਕਰਨ ਲਈ ਵੱਧ ਤੋਂ ਵੱਧ ਕਮਿਊਨਿਟੀ ਨਾਲ ਸਾਂਝ ਪਾਉਣ ਦਾ ਮੰਤਵ ਪੂਰਾ ਹੋ ਸਕੇ।

ਕੇ.ਐਸ.ਪੰਨੂੰ, ਆਈ.ਏ.ਐਸ.
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ